ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦਾ ਤਰਜ਼ਮਾਨ

# ਪੰਜਾਬੀ ਦੁਨੀਆ

PUNJABI DUNIYA

Since April 2005

Editor : Sharanjit Singh Thind

Vol 15, Issue 31, 09 November 2022, www.punjabiduniya.com Publish Daily From New York

# ਐੱਸਜੀਪੀਸੀ: ਹਰਜਿੰਦਰ ਸਿੰਘ ਧਾਮੀ ਪ੍ਰਧਾਨਗੀ ਚੋਣ ਜਿੱਤੇ

## ਜਗੀਰ ਕੌਰ ਦਾ ਅਕਾਲੀ ਦਲ ਨੂੰ ਤਕੜਾ ਝਟਕਾ

ਹਰਜਿੰਦਰ ਸਿੰਘ ਧਾਮੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੋਣ ਜਿੱਤ ਗਏ ਹਨ। ਅਮ੍ਰਿਤਸਰ ਦੇ ਤੇਜਾ ਸਿੰਘ ਸਮੁੰਦਰੀ ਹਾਲ ਵਿਚ ਬੁੱਧਵਾਰ ਨੂੰ ਹੋਏ ਚੋਣ ਅਮਲ ਦੌਰਾਨ ਕੁੱਲ 146 ਵੋਟਾਂ ਭੁਗਤੀਆਂ। ਇਨ੍ਹਾਂ ਵਿਚੋਂ ਅਕਾਲੀ ਦਲ ਦੇ ਅਧਿਕਾਰਤ ਉਮੀਦਵਾਰ ਹਰਜਿੰਦਰ ਸਿੰਘ ਧਾਮੀ ਨੂੰ 104 ਵੋਟਾਂ ਪਈਆਂ, ਜਦਕਿ ਪਾਰਟੀ ਦੀ ਬਾਗੀ ਉਮੀਦਵਾਰ ਜਗੀਰ ਕੌਰ 42 ਵੋਟਾਂ ਲੈ ਗਏ। ਅੱਜ ਦੀ ਚੋਣ ਦੌਰਾਨ ਬਲਦੇਵ ਸਿੰਘ ਕਾਇਮਪੁਰੀ ਨੂੰ ਸੀਨੀਅਰ ਮੀਤ ਪ੍ਰਧਾਨ , ਅਵਤਾਰ ਸਿੰਘ ਮੀਤ ਪ੍ਰਧਾਨ ਅਤੇ ਗੁਰਚਰਨ ਸਿੰਘ ਗਰੇਵਾਲ, ਜਨਰਲ ਸਕੱਤਰ ਚੁਣੇ ਗਏ ਹਨ। ਇਸ ਸਾਰੇ ਹੀ ਅਕਾਲੀ ਦਲ ਬਾਦਲ ਨਾਲ ਸਬੰਧਤ ਹਨ।

ਅਕਾਲੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸੋਸ਼ਲ ਮੀਡੀਆ ਪਲੇਟਫਾਰਮ ਉੱਤੇ ਧਾਮੀ ਦੀ ਫੋਟੋ ਪਾ ਕੇ ਉਨ੍ਹਾਂ ਨੂੰ ਜਿੱਤ ਦੀ ਵਧਾਈ ਦਿੱਤੀ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨਗੀ ਦੇ ਅਹੁਦੇ ਲਈ ਜਨਰਲ ਇਜਲਾਸ ਤੇਜਾ ਸਿੰਘ ਸਮੁੰਦਰੀ ਹਾਲ ਵਿਚ ਹੋਇਆ।

ਤਖ਼ਤ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਆਰੰਭਤਾ ਦੀ ਅਰਦਾਸ ਕੀਤੀ। ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਹੁਕਮਨਾਮਾ ਲਿਆ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੀ ਮੌਜੂਦ ਹਨ। ਇਜਲਾਸ ਦੀ ਸ਼ੁਰੂਆਤ ਵਿਛੜ ਚੁਕੀਆਂ ਰੂਹਾਂ ਨੂੰ ਸ਼ਰਧਾਂਜਲੀ ਨਾਲ ਹੋਈ।

### ਚੋਣ ਨਤੀਜੇ ਦੇ ਕੀ ਅਰਥ ਹਨ

ਸੀਨੀਅਰ ਪੱਤਰਕਾਰ ਜਗਤਾਰ ਸਿੰਘ ਨੇ ਬੀਬੀਸੀ ਪੰਜਾਬੀ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਮੌਜੂਦਾ ਹਾਊਸ ਵਿਚ ਅਕਾਲੀ ਦਲ ਬਾਦਲ ਦੀ 85 ਫੀਸਦ ਦਾ ਕਰੀਬ ਬਹੁਮਤ ਸੀ।

ਜਿਸ ਤਰ੍ਹਾਂ ਦਾ ਨਤੀਜਾ ਆਇਆ ਹੈ, ਉਹ ਆਸ ਮੁਤਾਬਕ ਹੀ ਹੈ।

ਅਜਿਹੇ ਹਾਲਾਤ ਵਿਚ ਜਗੀਰ ਕੌਰ ਜਿੱਤ ਜਾਂਦੇ ਤਾਂ ਇਹ ਸ਼੍ਰੋਮਣੀ ਕਮੇਟੀ ਦੇ ਇਤਿਹਾਸ ਵਿਚ ਵੱਡੀ ਅਣਹੋਣੀ ਘਟਨਾ ਹੋਣੀ ਸੀ।

ਕਦੇ ਵੀ ਬਾਗੀ ਜਾਂ ਵਿਰੋਧੀ ਧਿਰ ਨੂੰ ਜਿਆਦਾ ਵੋਟਾਂ ਨਹੀਂ ਪੈਂਦੀਆਂ ਹਨ।





ਜਗਤਾਰ ਸਿੰਘ ਕਹਿੰਦੇ ਹਨ ਕਿ ਭਾਵੇਂ ਅਕਾਲੀ ਦਲ ਇਹ ਚੋਣ ਜਿੱਤ ਗਿਆ ਅਤੇ ਜਦੋਂ ਤੱਕ ਜਨਰਲ ਚੋਣ ਨਹੀਂ ਹੁੰਦੀ ਕੋਈ ਬਹੁਤਾ ਅੰਤਰ ਨਹੀਂ ਹੋਵੇਗਾ। ਸੁਖਬੀਰ ਬਾਦਲ ਪ੍ਰਧਾਨ ਵੀ ਰਹਿਣਗੇ, ਪਰ ਸਵਾਲ ਹੈ ਕਿ ਕੀ ਪਾਰਟੀ ਰਹੇਗੀ।

ਜਗਤਾਰ ਸਿੰਘ ਕਹਿੰਦੇ ਹਨ ਕਿ ਜਗੀਰ ਕੌਰ ਨੇ ਜੋ ਸਵਾਲ ਖੜ੍ਹੇ ਕੀਤੇ ਹਨ, ਕੀ ਉਨ੍ਹਾਂ ਦਾ ਕੋਈ ਹੱਲ ਹੋਵੇਗਾ। ਕੀ ਅਕਾਲ ਤਖ਼ਤ ਸਮੇਤ ਸਿੱਖ ਸੰਸਥਾਵਾਂ ਦੀ ਖ਼ੁਦਮੁਖਤਿਆਰੀ ਬਹਾਲ ਹੋਵੇਗੀ।

ਪਰ ਜਦੋਂ ਆਮ ਚੋਣਾਂ ਹੋਣਗੀਆਂ ਤਾਂ ਉਦੋਂ ਸ਼ਾਇਦ ਇਨ੍ਹਾਂ ਨਤੀਜਿਆਂ ਦਾ ਅਸਰ ਸਪੱਸ਼ਟ ਦੇਖਿਆ ਜਾ ਸਕੇਗਾ।

### ਸ਼੍ਰੋਮਣੀ ਕਮੇਟੀ ਵਿਚ ਵੋਟਾਂ ਦਾ ਅੰਕੜਾ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ, ਮੀਤ ਪ੍ਰਧਾਨ ਅਤੇ ਹੋਰ ਅਹੁਦੇਦਾਰਾਂ ਦੀ ਚੋਣ ਕੀਤੀ ਗਈ ।

ਸ਼੍ਰੋਮਣੀ ਕਮੇਟੀ ਦੇ ਸਦਨ ਵਿੱਚ ਕੁੱਲ 191 ਮੈਂਬਰ ਹਨ।

ਇਹਨਾਂ ਵਿੱਚੋਂ 170 ਮੈਂਬਰ ਪੰਜਾਬ, ਹਿਮਾਚਲ ਪ੍ਰਦੇਸ਼, ਹਰਿਆਣਾ ਅਤੇ ਚੰਡੀਗੜ੍ਹ ਰਾਜਾਂ ਵਿੱਚੋਂ ਚੁਣੇ ਜਾਂਦੇ ਹਨ

ਹਾਲਾਂਕਿ 15 ਮੈਂਬਰ ਦੇਸ਼ ਭਰ ਵਿੱਚੋਂ ਚੁਣੇ ਜਾਂਦੇ ਹਨ।

ਸ਼੍ਰੋਮਣੀ ਕਮੇਟੀ ਵਿੱਚ ਪੰਜਾਂ ਤਖ਼ਤਾਂ ਦੇ ਜਥੇਦਾਰ ਸਾਹਿਬਾਨ ਅਤੇ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸ਼ਾਮਲ ਹਨ ਜਿੰਨ੍ਹਾਂ ਕੋਲ ਵੋਟ ਦਾ ਅਧਿਕਾਰ ਹੁੰਦਾ ਹੈ।

ਸ਼੍ਰੋਮਣੀ ਕਮੇਟੀ ਦੀਆਂ ਪਿਛਲੀਆਂ ਚੋਣਾਂ ਤੋਂ ਹੁਣ ਤੱਕ 26 ਮੈਂਬਰਾਂ ਦੀ ਮੌਤ ਚੁੱਕੀ ਹੈ ਅਤੇ ਦੋ ਨੇ ਅਸਤੀਫ਼ੇ ਦੇ ਦਿੱਤੇ ਹਨ।

ਵਿਰੋਧੀ ਧੜਿਆਂ ਦੇ 22 ਮੈਂਬਰ ਹਨ।

### ਪ੍ਰਧਾਨ ਤੇ ਲਿਫਾਫਾ ਰੁਝਾਨ

ਇਸ ਵਾਰ ਹੋਣ ਵਾਲੀਆਂ ਚੋਣਾਂ ਵਿੱਚ ਇੱਕ ਨਿਵੇਕਲੀ ਗੱਲ ਇਹ ਹੋ ਰਹੀ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦਾ ਨਾਮ ਲਿਫਾਫੇ ਵਿੱਚੋਂ ਨਿਕਲ ਕੇ ਨਹੀਂ ਨਿਕਲਿਆ। ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸਭ ਤੋਂ ਜ਼ਿਆਦਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਹਨ। ਅਕਾਲੀ ਦਲ ਨੇ ਚੋਣਾਂ ਤੋਂ ਚਾਰ ਦਿਨ ਪਹਿਲਾਂ ਹੀ ਆਪਣੇ ਉਮੀਦਵਾਰ ਦਾ ਨਾਮ ਘੋਸ਼ਿਤ ਕਰ ਦਿੱਤਾ ਸੀ

ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਮੌਜੂਦਾ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਉਮੀਦਵਾਰ ਬਣਾਇਆ ਗਿਆ ਸੀ। ਦੂਜੇ ਪਾਸੇ ਐਸਜੀਪੀਸੀ ਦੀ ਸਾਬਕਾ ਪ੍ਰਧਾਨ ਅਤੇ ਸਾਬਕਾ ਕੈਬਨਿਟ ਮੰਤਰੀ ਬੀਬੀ ਜਗੀਰ ਕੌਰ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦੀ ਚੋਣ ਲੜਨ ਦਾ ਐਲਾਨ ਕਰ ਦਿੱਤਾ ਸੀ। ਸ਼੍ਰੋਮਣੀ ਅਕਾਲੀ ਦਲ ਨੇ ਉਨ੍ਹਾਂ ਨੂੰ ਪਾਰਟੀ ਵਿੱਚੋਂ ਬਾਹਰ ਕੱਢ ਦਿੱਤਾ ਸੀ ਪਰ ਦਾਅਵਾ ਕੀਤਾ ਜਾ ਰਿਹਾ ਸੀ ਕਿ ਜਗੀਰ ਕੌਰ ਨੂੰ ਸਮਰਥਨ ਮਿਲ ਰਿਹਾ ਹੈ।

### ਜਗੀਰ ਕੌਰ ਪਹਿਲੀ ਮਹਿਲਾ ਪ੍ਰਧਾਨ ਸਨ

ਜਗੀਰ ਕੌਰ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪਹਿਲੀ ਮਹਿਲਾ ਪ੍ਰਧਾਨ ਰਹੇ ਹਨ। ਉਹ ਇਸ ਤੋਂ ਪਹਿਲਾਂ ਚਾਰ ਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨਗੀ ਕਰ ਚੁੱਕੇ ਹਨ।

ਉਹ ਹੁਣ ਆਪਣੇ ਪੁਰਾਣੇ ਸਾਥੀ ਮੈਂਬਰਾਂ ਕੋਲੋਂ ਵੀ ਹਿਮਾਇਤ ਦੀ ਆਸ ਕਰਦੇ ਸਨ।

### "ਜਗੀਰ ਕੌਰ ਦੀ ਨੈਤਿਕ ਜਿੱਤ"

ਸ਼੍ਰੋਮਣੀ ਕਮੇਟੀ ਦੀ ਚੋਣ ਵਿੱਚ ਇਸ ਵਾਰ ਖਾਸ ਗੱਲ ਇਹ ਰਹੀ ਹੈ ਕਿ ਜਗੀਰ ਕੌਰ ਦੀ ਬਗਾਵਤ ਕਾਰਨ ਅਕਾਲੀ ਦਲ ਨੂੰ ਪਹਿਲਾਂ ਹੀ ਆਪਣਾ ਉਮੀਦਵਾਰ ਐਲਾਨਣਾ ਪਿਆ। ਅਕਾਲੀ ਆਗੂ ਸੁਖਦੇਵ ਸਿੰਘ ਢੀਂਡਸਾ ਇਸ ਨੂੰ ਜਗੀਰ ਕੌਰ ਦੀ ਚੋਣਾਂ ਤੋਂ ਪਹਿਲਾਂ ਹੀ ਨੈਤਿਕ ਜਿੱਤ ਦੱਸਦੇ ਹਨ। ਉਨ੍ਹਾਂ ਚੋਣ ਦੌਰਾਨ ਜਗੀਰ ਕੌਰ ਦੇ ਸਮਰਥਨ ਦਾ ਐਲਾਨ ਵੀ ਕੀਤਾ ਹੈ। ਜਗੀਰ ਕੌਰ ਇਸ ਨੂੰ ਇੰਝ ਕਹਿੰਦੇ ਹਨ, "ਮੇਰੇ ਚੋਣ ਲੜਨ ਦੇ ਫੈਸਲੇ ਨੇ ਸ਼੍ਰੋਮਣੀ ਕਮੇਟੀ ਵਿਚ ਪ੍ਰਧਾਨ ਅਤੇ ਅਹੁਦੇਦਾਰਾਂ ਦੀ ਚੋਣ ਵਿਚ ਬਾਦਲ ਪਰਿਵਾਰ ਦੇ ਲਿਫਾਫਾ ਕਲਚਰ ਨੂੰ ਖ਼ਤਮ ਕਰ ਦਿੱਤਾ ਹੈ।" ਜਗੀਰ ਕੌਰ ਆਸ ਪ੍ਰਗਟਾਉਂਦੇ ਹਨ ਕਿ ਉਨ੍ਹਾਂ ਦੀ ਲੜਾਈ ਸਿਆਸੀ ਨਾਲੋਂ ਵੱਧ ਸਿੱਖਾਂ ਦੇ ਧਾਰਮਿਕ ਅਦਾਰਿਆਂ ਦੀ ਆਜ਼ਾਦੀ ਬਹਾਲ ਕਰਵਾਉਂਣ ਲਈ ਵਿੱਢੀ ਗਈ ਲੜਾਈ ਹੈ।

### ਧਾਮੀ ਅਤੇ ਜਗੀਰ ਕੌਰ ਦਾ ਪ੍ਰਤੀਕਰਮ

ਹਰਜਿੰਦਰ ਸਿੰਘ ਧਾਮੀ ਨੇ ਇਸ ਜਿੱਤ ਨੂੰ ਪੰਥ ਦੀ ਜਿੱਤ ਕਰਾਰ ਦਿੱਤਾ । ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਦੀਆਂ ਚੋਣਾਂ ਹਰ ਹੁੰਦੀਆਂ ਹਨ, ਪਰ ਇਸ ਵਾਰ ਅਹਿਮ ਚੋਣ ਇਸ ਕਰਕੇ ਸੀ ਕਿਉਂਕਿ ਇਸ ਵਿਚ ਭਾਜਪਾ ਤੇ ਆਰਐੱਸਐੱਸ ਸਿੱਧਾ ਦਖ਼ਲ ਦੇ ਰਹੇ ਸਨ। ਉਨ੍ਹਾਂ ਦਾਅਵਾ ਕੀਤਾ ਕਿ ਇਸ਼ ਵਾਰ ਕੇਂਦਰ, ਪੰਜਾਬ, ਹਰਿਆਣਾ ਦੀਆਂ ਸਰਕਾਰਾਂ ਅਤੇ ਅਕਾਲੀ ਦਲ ਦੇ ਵਿਰੋਧੀ ਧੜ੍ਹਿਆਂ ਨੇ ਮਿਲਕੇ ਚੋਣ ਲੜੀ। ਪਰ ਅਕਾਲੀ ਦਲ ਨੇ ਇਹ ਚੋਣ ਜਿੱਤੀ ਹੈ। ਚੋਣ ਨਤੀਜੇ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਦੌਰਾਨ ਜਗੀਰ ਕੌਰ ਨੇ ਕਿਹਾ ਕਿ ਉਨ੍ਹਾਂ ਦੀ ਹਾਰ ਨਹੀਂ ਇਹ ਜਿੱਤ ਹੀ ਹੈ। ਉਨ੍ਹਾਂ ਕਿਹਾ, ਮੈਂ ਲਿਫਾਫਾ ਖੁਲ਼ਵਾ ਦਿੱਤਾ, ਉਮੀਦਵਾਰ ਪਹਿਲਾਂ ਐਲਾਨਣੇ ਪਏ। ਜੇਕਰ 42 ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਮੈਨੂੰ ਵੋਟ ਪਾਈ ਹੈ ਤਾਂ ਇਸ ਦਾ ਅਰਥ ਹੈ ਕਿ ਖਾਲਸੇ ਦੀ ਸੋਚ ਵਾਲੇ ਜਾਗਦੇ ਹਨ। ਉਨ੍ਹਾਂ ਕਿਹਾ ਕਿ ਮੈਂ ਕਿਸੇ ਨਾਲ ਧੱਕਾ ਨਹੀਂ ਕੀਤਾ, ਕਿਸੇ ਨੂੰ ਮਜਬੂਰ ਨਹੀਂ ਕੀਤਾ, ਸਿਰਫ਼ ਅਪੀਲ ਹੀ ਕੀਤੀ ਸੀ। ਅਸਲੀ ਅਸਰ ਆਮ ਚੋਣਾਂ ਵਿਚ ਦਿਖ ਜਾਵੇਗਾ। ਅਕਾਲੀ ਦਲ ਵਿਚੋਂ ਕੱਢੇ ਜਾਣ ਬਾਰੇ ਉਨ੍ਹਾਂ ਇੱਕ ਵਾਰ ਫੇਰ ਕਿਹਾ ਕਿ ਇਹ ਕੌਣ ਹੁੰਦੇ ਹਨ ਮੈਨੂੰ ਕੱਢਣ ਵਾਲੇ ਅਕਾਲੀ ਦਲ ਵੀ ਸਾਡਾ ਹੈ ਅਤੇ ਸ਼੍ਰੋਮਣੀ ਕਮੇਟੀ ਵੀ। ਇਸ ਸਾਲ ਪ੍ਰਧਾਨਗੀ ਅਹੁਦੇ ਦੇ ਦੋ ਦਾਅਵੇਦਾਰ ਸਨ। ਸ਼੍ਰੋਮਣੀ ਅਕਾਲੀ ਦਲ ਵਲੋਂ ਐਲਾਨੇ ਗਏ ਉਮੀਦਵਾਰ, ਮੌਜੂਦਾ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਤੇ ਚੋਣ ਤੋਂ ਕੁਝ ਹੀ ਦਿਨ ਪਹਿਲਾਂ ਪਾਰਟੀ ਵਿੱਚੋਂ ਬਾਹਰ ਕੀਤੇ ਗਏ ਸਾਬਕਾ ਪ੍ਰਧਾਨ ਜਗੀਰ ਕੌਰ। ਪੇਸ਼ੇ ਵਜੋਂ ਵਕੀਲ ਧਾਮੀ ਪ੍ਰਧਾਨ ਬਣਨ ਤੋਂ ਪਹਿਲਾਂ ਐੱਸਜੀਪੀਸੀ ਦਾ ਮੁੱਖ ਸਕੱਤਰ ਨਿਯੁਕਤ ਕੀਤਾ ਗਿਆ ਸੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਇਜਲਾਸ ਤੋਂ ਪਹਿਲਾ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਬੀਬੀ ਜਗੀਰ ਕੌਰ ਨੂੰ ਪ੍ਰਧਾਨਗੀ ਦੀ ਚੋਣ ਤੋਂ ਪਿੱਛੇ ਹਟਣ ਦੀ ਅਪੀਲ ਕੀਤੀ ਸੀ। ਪਰ ਬੀਬੀ ਜਗੀਰ ਕੌਰ ਆਪਣੇ ਫੈਸਲੇ @ਤੇ ਕਾਇਮ ਰਹੇ।

